ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ, ਐਸ ਏ ਐਸ ਨਗਰ

ਕੰਪ:ਪੰ.ਸ.ਸ.ਬ, ਈ-ਬਲਾਕ, 6ਵੀਂ ਮੰਜਿਲ, ਫੇਜ਼:8, ਸਅਸ ਨਗਰ

**(ਪਬਲਿਕ ਨੋਟਿਸ)**

ਮੀਮੋ ਨੰ: ਟਰਾਂਸਫਰਸੈੱਲ/2024666102/13 ਮਿਤੀ:ਐਸ.ਏ.ਐਸ ਨਗਰ: 16-09-2024

1. ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਪੱਤਰ ਨੰ: 11/35/2018-1Edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀ Teacher Transfer Policy 2019 ਜਾਰੀ ਕੀਤੀ ਗਈ ਸੀ। ਇਸ ਤੋਂ ਇਲਾਵਾ ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਐਸਿੱ), ਪੰਜਾਬ ਦੇ ਮੀਮੋ ਨੰ: SSA/HR/Transfer/ 2020/118750, ਮਿਤੀ 22-05-2020 ਰਾਹੀਂ ਬਦਲੀ ਦੀ ਪਾਲਿਸੀ ਜਾਰੀ ਕੀਤੀ ਗਈ ਸੀ।
2. ਸਾਲ 2024 ਦੌਰਾਨ ਇਸ ਪਾਲਿਸੀ ਅਨੁਸਾਰ ਵਿਭਾਗ ਵੱਲੋਂ ਅਧਿਆਪਕਾਂ ਦੀਆਂ ਆਨਲਾਈਨ ਪ੍ਰਾਪਤ ਪ੍ਰਤੀਬੇਨਤੀਆਂ ਦੇ ਆਧਾਰ ਤੇ ਵੱਖ-2 ਗੇੜਾਂ ਦੌਰਾਨ ਆਨਲਾਈਨ ਬਦਲੀਆਂ ਦੇ ਹੁਕਮ ਜਾਰੀ ਕੀਤੇ ਗਏ ਸਨ।
3. ਵਿਭਾਗ ਨੂੰ ਕੁਝ ਅਧਿਆਪਕਾਂ ਵੱਲੋਂ ਪ੍ਰਤੀਬੇਨਤੀਆਂ ਪ੍ਰਾਪਤ ਹੋਈਆਂ ਹਨ, ਜਿਸ ਵਿੱਚ ਵਿੱਚ ਉਨਾਂ ਵੱਲੋਂ ਵੱਖ-2 ਕਾਰਨ ਦਰਸਾਉਂਦੇ ਹੋਏ ਬਦਲੀ ਰੱਦ ਕਰਵਾਉਣ ਦੀ ਮੰਗ ਕੀਤੀ ਗਈ ਹੈ।
4. ਅਧਿਆਪਕਾਂ ਵੱਲੋਂ ਪ੍ਰਾਪਤ ਪ੍ਰਤੀਬੇਨਤੀਆਂ ਦੇ ਆਧਾਰ ਤੇ ਉਨ੍ਹਾਂ ਨੂੰ ਬਦਲੀ ਰੱਦ ਕਰਵਾਉਣ ਸਬੰਧੀ ਇੱਕ ਮੌਕਾ ਦਿੱਤਾ ਜਾਂਦਾ ਹੈ। ਜੋ ਅਧਿਆਪਕ ਬਦਲੀ ਰੱਦ ਕਰਵਾਉਣਾ ਚਾਹੁੰਦੇ ਹਨ ਅਤੇ ਉਨ੍ਹਾਂ ਦੇ ਪਿਛਲੇ ਸਕੂਲ ਭਾਵ ਜਿੱਥੋਂ ਬਦਲੀ ਹੋਈ ਹੈ, ਵਿਖੇ ਉਨ੍ਹਾਂ ਦੀ ਅਸਾਮੀ ਖਾਲੀ ਹੈ ਤਾਂ ਉਹ ਈਪੰਜਾਬ ਸਕੂਲ ਪੋਰਟਲ ਤੇ ਲਾਗ ਇੰਨ ਕਰਕੇ Transfer Cancellation Link ਤੇ Click ਕਰਕੇ ਬਦਲੀ ਰੱਦ ਕਰਵਾਉਣ ਲਈ ਮਿਤੀ 16.09.2024 ਤੋਂ 17.09.2024 ਸਮਾਂ ਦੁਪਹਿਰ 2:00 ਵਜੇ ਤੱਕ ਆਨਲਾਈਨ ਬੇਨਤੀ ਦੇ ਸਕਦੇ ਹਨ। ਇੱਥੇ ਇਹ ਸਪਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਅਧਿਆਪਕ ਨੇ ਬਦਲੀ ਰੱਦ ਕਰਵਾਉਣ ਲਈ ਦਰਖਾਸਤ ਮੁੱਖ ਦਫਤਰ ਵਿਖੇ ਦਿੱਤੀ ਹੋਈ ਹੈ ਤਾਂ ਉਸ ਦਰਖਾਸਤ ਤੇ ਕੋਈ ਕਾਰਵਾਈ ਨਹੀਂ ਕੀਤੀ ਜਾਣੀ ਅਤੇ ਉਹ ਆਨਲਾਈਨ ਵਿਧੀ ਰਾਹੀਂ ਆਪਣੀ ਬਦਲੀ ਰੱਦ ਕਰਵਾ ਸਕਦੇ ਹਨ। ਮਿਤੀ 17.09.2024 ਸਮਾਂ ਦੁਪਹਿਰ 2:00 ਤੋਂ ਬਾਅਦ ਬਦਲੀ ਰੱਦ ਕਰਵਾਉਣ ਸਬੰਧੀ ਕਿਸੇ ਵੀ ਬੇਨਤੀ ਤੇ ਵਿਚਾਰ ਨਹੀਂ ਕੀਤਾ ਜਾਵੇਗਾ।

ਸਹਾਇਕ ਡਾਇਰੈਕਟਰ (ਅਮਲਾ-1)